VIGILANCE BUREAU PUNJAB

**Vigilance nabs ASI for taking bribe of Rs. 5,000**

Chandigarh, September 18: Punjab Vigilance Bureau nabbed an Assistant Sub Inspector (ASI) posted at City Police Station Loharka Road, Amritsar red handed while accepting bribe of Rs. 5,000/-.

Disclosing this here, an official spokesperson of the Vigilance Bureau said ASI Farjand Lal was arrested on the complaint of Pargat Singh of village Dalla Rajputan, Amritsar district. The complainant has approached the VB and alleged that the accused ASI was demanding Rs. 20,000 to forward a report on an application submitted by the complainant in the local court to release his vehicle which was confiscated in a police case and the deal was struck at Rs. 5000.

After verifying his information, the VB team laid a trap and the accused ASI was arrested on the spot while taking bribe of Rs.5,000 from the complainant in the presence of two official witnesses.

He informed that a case under Prevention of Corruption Act has been registered against the accused at VB police station Amritsar and further investigation was under progress

---------------

ਵਿਜੀਲੈਂਸ ਬਿਊਰੋ ਪੰਜਾਬ

**ਵਿਜੀਲੈਂਸ ਨੇ ਏ.ਐਸ.ਆਈ. ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚਿਆ**

ਚੰਡੀਗੜ੍ਹ, 18 ਸਤੰਬਰਃ

ਪੰਜਾਬ ਵਿਜੀਲੈਂਸ ਬਿਊਰੋ ਨੇ ਸਿਟੀ ਪੁਲਿਸ ਥਾਣਾ ਲੋਹਾਰਕਾ ਰੋਡ, ਅੰਮ੍ਰਿਤਸਰ ਵਿਖੇ ਤਾਇਨਾਤ ਇੱਕ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਏਐਸਆਈ ਫਰਜੰਦ ਲਾਲ ਨੂੰ ਅੰਮ੍ਰਿਤਸਰ ਜਿਲੇ ਦੇ ਪਿੰਡ ਡੱਲਾ ਰਾਜਪੂਤਾਂ ਦੇ ਪ੍ਰਗਟ ਸਿੰਘ ਦੀ ਸ਼ਿਕਾਇਤ ‘ਤੇ ਗ੍ਰਿਫਤਾਰ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਕੋਲ ਪਹੁੰਚ ਕੀਤੀ ਅਤੇ ਦੋਸ਼ ਲਾਇਆ ਹੈ ਕਿ ਉਸ ਨੇ ਸਥਾਨਕ ਅਦਾਲਤ ਵਿੱਚ ਚੱਲ ਰਹੇ ਇੱਕ ਕੇਸ ਦੇ ਸਬੰਧ ਵਿੱਚ ਜ਼ਬਤ ਕੀਤੇ ਉਸਦੇ ਵਾਹਨ ਨੂੰ ਛੁਡਾਉਣ ਲਈ ਅਰਜ਼ੀ ਦਿੱਤੀ ਹੈ ਅਤੇ ਏਐਸਆਈ ਉਕਤ ਅਰਜ਼ੀ ਸਬੰਧੀ ਪੁਲਿਸ ਰਿਪੋਰਟ ਅੱਗੇ ਭੇਜਣ ਬਦਲੇ 20,000 ਰੁਪਏ ਦੀ ਮੰਗ ਕਰ ਰਿਹਾ ਹੈ ਪਰ ਸੌਦਾ ਰੁਪਏ 5000 ਰੁਪਏ ਵਿੱਚ ਤੈਅ ਹੋਇਆ ਹੈ।

ਸ਼ਿਕਾਇਤਕਰਤਾ ਦੀ ਜਾਣਕਾਰੀ ਦੀ ਤਸਦੀਕ ਕਰਨ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਹਰਕਤ ਵਿੱਚ ਆਈ ਅਤੇ ਮੁਲਜਮ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਮੌਕੇ ਉੱਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਉਨਾਂ ਦੱਸਿਆ ਕਿ ਉਕਤ ਮੁਲਜਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

--------